ਪੰਜਾਬ ਵਿਧਾਨ ਸਭਾ

ਛੇਵਾਂ (ਬਜਟ) ਸਮਾਗਮ

ਨਿਸ਼ਾਨ ਵਾਲੇ ਪ੍ਰਸ਼ਨ

## 12 ਮਾਰਚ 2024

----

ਕੁੱਲ ਪ੍ਰਸ਼ਨ 20

----

### ਸਪੋਰਟਸ ਸਕੂਲ ਘੁੱਦਾ ਦਾ ਪੁਨਰ ਵਿਕਾਸ ਕਰਨਾ।

*975 ਸ਼੍ਰੀ ਅਮਿਤ ਰਤਨ ਕੋਟਫੱਤਾ ( ਬਠਿੰਡਾ ਦਿਹਾਤੀ ):

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ, ਸਕੂਲ ਸਿੱਖਿਆ :-**

ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਸਪੋਰਟਸ ਸਕੂਲ, ਘੁੱਦਾ ਦੇ ਪੁਨਰਗਠਨ, ਰੱਖ-ਰਖਾਵ ਅਤੇ ਪੁਨਰ ਵਿਕਾਸ ਦੀ ਕੋਈ ਯੋਜਨਾ ਹੈ; ਜੇਕਰ ਹੈ ਤਾਂ ਇਸ ਲਈ ਫੰਡ ਕਦੋਂ ਤੱਕ ਜਾਰੀ ਕੀਤੇ ਜਾਣਗੇ;

ਅ) ਕੀ ਇਹ ਠੀਕ ਹੈ ਕਿ ਇਸ ਸਕੂਲ ਨੂੰ ਸਕੂਲ ਸਿੱਖਿਆ ਵਿਭਾਗ ਨੇ ਆਪਣੇ ਅਧੀਨ ਲੈ ਲਿਆ ਸੀ ਅਤੇ ਸਪੋਰਟਸ ਸਕੂਲ ਡਿਵੈਲਪਮੈਂਟ ਸੁਸਾਇਟੀ ਦੇ ਕੁਝ ਪੁਰਾਣੇ ਕਰਮਚਾਰੀਆਂ ਨੂੰ ਸਕੂਲ ਵਿੱਚ ਸ਼ਾਮਲ ਕਰ ਲਿਆ ਗਿਆ ਸੀ; ਜੇਕਰ ਅਜਿਹਾ ਹੋਵੇ ਤਾਂ ਇਹਨਾਂ ਕਰਮਚਾਰੀਆਂ ਨੂੰ ਕਦੋਂ ਤੱਕ ਨਿਯਮਿਤ ਕਰ ਦਿੱਤਾ ਜਾਵੇਗਾ?

----

### ਫਰੀਦਕੋਟ ਦੇ ਘੰਟਾ ਘਰ ਵਿਚੋਂ ਲੰਘਦੀ ਸੜਕਾਂ ਨੂੰ ਡਿਜਾਇਨ ਕਰਕੇ ਬਣਾਉਣਾ

*946 ਸ. ਗੁਰਦਿੱਤ ਸਿੰਘ ਸੇਖੋਂ (ਫਰੀਦਕੋਟ):

**ਲੋਕ ਨਿਰਮਾਣ, ਬਿਜਲੀ**

ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਫਰੀਦਕੋਟ ਸ਼ਹਿਰ ਦੇ ਘੰਟਾ ਘਰ ਚੌਂਕ ਵਿੱਚੋ ਜੋ ਫਰੀਦਕੋਟ-ਫਿਰੋਜਪੁਰ ਰੋਡ ਲੰਘਦੀ ਹੈ, ਇਸ ਨੂੰ ਬਾਰ-ਬਾਰ ਬਣਾਉਣ ਤੇ ਇਸ ਦਾ ਲੈਵਲ ਘੰਟਾ ਘਰ ਚੌਂਕ ਦੇ ਪੈਡਸਟਲ ਦੇ ਬਰਾਬਰ ਹੋ ਚੁੱਕਿਆ ਹੈ, ਜਿਸ ਨਾਲ ਇਸ ਦੀ ਖੂਬਸੂਰਤੀ ਖਤਮ ਹੁੰਦੀ ਜਾ ਰਹੀ ਹੈ; ਜੇਕਰ ਅਜਿਹਾ ਹੋਵੇ ਤਾਂ ਕੀ ਇਸ ਸੜਕ ਨੂੰ ਸਹੀ ਢੰਗ ਨਾਲ ਡਿਜਾਇਨ ਕਰਕੇ ਬਣਾਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

## ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਤੇਹੰਗ ਫਿਲੌਰ ਦੀਆਂ ਮਨਜੂਰਸ਼ੁਦਾ ਅਸਾਮੀਆਂ ਦੇ ਵੇਰਵੇ

*996 ਸ਼੍ਰੀ ਵਿਕਰਮਜੀਤ ਸਿੰਘ ਚੌਧਰੀ (ਫਿਲੌਰ):

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ, ਸਕੂਲ ਸਿੱਖਿਆ :-**
ਕੀ ਉਚੇਰੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਤੇਹੰਗ ਫਿਲੌਰ ਵਿੱਚ ਪੜ ਰਹੇ ਵਿਦਿਆਰਥੀਆਂ ਦੀ ਕੋਰਸ-ਵਾਈਜ਼ ਗਿਣਤੀ ਕਿੰਨੀ-ਕਿੰਨੀ ਹੈ;

(ਅ) ਕਾਲਜ ਵਿੱਚ ਅਧਿਆਪਨ ਅਮਲੇ ਅਤੇ ਗੈਰ-ਅਧਿਆਪਨ ਅਮਲੇ ਦੀਆਂ ਸ਼੍ਰੇਣੀ-ਵਾਰ ਅਤੇ ਗਰੁੱਪ-ਵਾਰ ਮਨਜੂਰਸ਼ੁਦਾ ਅਸਾਮੀਆਂ ਦੀ ਕੁੱਲ ਗਿਣਤੀ ਅਤੇ ਇਸ ਸਮੇਂ ਖਾਲੀ ਪਈਆ ਅਸਾਮੀਆਂ ਦੀ ਗਿਣਤੀ ਕਿੰਨੀ ਹੈ;

ੲ) ਉਪਰੋਕਤ ਵਰਣਿਤ ਅਸਾਮੀਆਂ ਨੂੰ ਭਰਨ ਲਈ ਸਰਕਾਰ ਦੁਆਰਾ ਕੀ ਕਦਮ ਚੁੱਕੇ ਗਏ ਹਨ ਅਤੇ ਇਸ ਪ੍ਰਕਿਰਿਆ ਨੂੰ ਪੂਰਾ ਕਰਨ ਦੀ ਸਮਾਂ-ਸੀਮਾ ਕੀ ਹੈ;

ਸ) ਸਰਕਾਰ ਦੁਆਰਾ 10 ਮਾਰਚ 2022 ਤੋਂ ਹੁਣ ਤੱਕ ਕਾਲਜ ਨੂੰ ਜਾਰੀ ਕੀਤੀਆਂ ਗ੍ਰਾਂਟਾਂ ਦੇ ਵੇਰਵੇ ਕੀ ਹਨ?

----

## ਹਲਕਾ ਸਨੌਰ ਦੇ ਸਰਕਾਰੀ ਸਕੂਲਾਂ ਦੀਆਂ ਛੱਤਾਂ ਤੇ ਸੋਲਰ ਪੈਨਲ ਲਗਾਉਣਾ

*1036 ਸ. ਹਰਮੀਤ ਸਿੰਘ ਪਠਾਣਮਾਜਰਾ ( ਸਨੌਰ):

**ਨਵੇਂ ਅਤੇ ਨਵਿਆਉਣਯੋਗ ਊਰਜਾ ਸਰੋਤ, ਪ੍ਰਿੰਟਿੰਗ ਅਤੇ ਸਟੇਸ਼ਨਰੀ, ਪ੍ਰਸ਼ਾਸਨਿਕ ਸੁਧਾਰਾਂ ਅਤੇ ਜਨਤਕ ਸ਼ਿਕਾਇਤਾਂ, ਰੋਜ਼ਗਾਰ ਉਤਪਤੀ ਅਤੇ ਸਿਖਲਾਈ** ਕੀ ਨਵ ਅਤੇ ਨਵਿਆਉਣਯੋਗ ਊਰਜਾ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਹਲਕਾ ਸਨੌਰ ਅੰਦਰ ਸਾਰੇ ਸਰਕਾਰੀ ਸਕੂਲਾਂ ਦੀਆਂ ਛੱਤਾਂ ਤੇ ਸੋਲਰ ਪੈਨਲ ਲਗਾਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

## ਹਲਕਾ ਸ਼ੁਤਰਾਣਾ ਦੇ ਪਿੰਡਾਂ ਦੇ ਕਿਸਾਨਾਂ ਨੂੰ ਨਵੇਂ ਟਿਊਬਵੈੱਲ ਕੁਨੈਕਸ਼ਨ ਦੇਣਾ

***1062 ਸ. ਕੁਲਵੰਤ ਸਿੰਘ ਬਾਜ਼ੀਗਰ (ਸ਼ੁਤਰਾਣਾ):**

**ਲੋਕ ਨਿਰਮਾਣ, ਬਿਜਲੀ** ਕੀ ਬਿਜਲੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਹਲਕਾ ਸ਼ੁਤਰਾਣਾ ਘੱਗਰ ਦੇ ਨਜ਼ਦੀਕ ਆਉਂਦੇ ਪਿੰਡਾਂ ਦੇ ਕਿਸਾਨਾਂ ਲਈ ਨਵੇਂ ਟਿਊਬਵੈੱਲ ਕੁਨੈਕਸ਼ਨ ਦੇਣ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋ ਤੱਕ?

----

## ਜ਼ਿਲ੍ਹਾ ਸਪੋਰਟਸ ਅਫਸਰਾਂ ਦੀਆਂ ਆਸਾਮੀਆਂ ਦੇ ਵੇਰਵੇ

***1069 ਸ. ਅਜੀਤਪਾਲ ਸਿੰਘ ਕੋਹਲੀ (ਪਟਿਆਲਾ):**

**ਖੇਡਾਂ ਅਤੇ ਯੁਵਕ ਸੇਵਾਵਾਂ ਵਿਭਾਗ :-**

ਕੀ ਖੇਡ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ)** ਰਾਜ ਵਿੱਚ ਇਸ ਸਮੇਂ ਕਿੰਨੀਆਂ ਜ਼ਿਲ੍ਹਾ ਸਪੋਰਟਸ ਅਫਸਰਾਂ ਦੀਆਂ ਆਸਾਮੀਆਂ ਹਨ, ਇਨ੍ਹਾਂ ਵਿੱਚੋਂ ਕਿੰਨੀਆਂ ਆਸਾਮੀਆਂ ਕਿੱਥੇ-ਕਿੱਥੇ ਭਰੀਆਂ ਹੋਈਆਂ ਹਨ;

**ਅ)** ਉਪਰੋਕਤ ਭਾਗ (ੳ) ਵਿੱਚ ਦਰਸਾਏ ਅਨੁਸਾਰ ਇਨ੍ਹਾਂ ਵਿੱਚੋਂ ਕਿੰਨੇ ਸਪੋਰਟਸ ਅਫਸਰਾਂ ਨੂੰ ਇੱਕ ਤੋਂ ਵੱਧ ਜ਼ਿਲ੍ਹਿਆਂ ਦਾ ਚਾਰਜ ਦਿੱਤਾ ਗਿਆ ਹੈ ਅਤੇ ਉਨ੍ਹਾਂ ਦੇ ਨਾਂ ਕੀ ਕੀ ਹਨ;

**ੲ)** ਕੀ ਸਰਕਾਰ ਖਾਲੀ ਆਸਾਮੀਆਂ ਨੂੰ ਸਾਲ 2024-25 ਦੌਰਾਨ ਭਰਨ ਦਾ ਵਿਚਾਰ ਕਰੇਗੀ?

----

## ਸਫੈਦੇ ਦੇ ਕੱਟੇ/ਪੁੱਟੇ ਗਏ ਦਰੱਖ਼ਤਾਂ ਦੇ ਵੇਰਵੇ

***1094 ਸ. ਸੁਖਜਿੰਦਰ ਸਿੰਘ ਰੰਧਾਵਾ (ਡੇਰਾ ਬਾਬਾ ਨਾਨਕ):**

**ਟਰਾਂਸਪੋਰਟ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ :-**

ਕੀ ਜੰਗਲਾਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ)** ਕੀ ਇਹ ਠੀਕ ਹੈ ਕਿ ਸਰਕਾਰੀ ਪ੍ਰਾਇਮਰੀ ਸਕੂਲ ਕਠਿਆਲਾ, ਬਲਾਕ ਧਿਆਨਪੁਰ, ਜ਼ਿਲ੍ਹਾ ਗੁਰਦਾਸਪੁਰ ਦੀ ਇਮਾਰਤ ਵਿੱਚੋਂ (ਸਫੈਦੇ) ਦੇ ਬਹੁਤ ਸਾਰੇ ਦਰੱਖ਼ਤ ਕੱਟੇ/ਪੁੱਟੇ ਗਏ ਹਨ; ਜੇਕਰ ਹਾਂ ਤਾਂ ਇਸਦੇ ਵੇਰਵੇ ਕੀ ਹਨ;

**ਅ)** ਇਹਨਾਂ ਦਰਖ਼ਤਾ ਨੂੰ ਕੱਟਣ ਲਈ ਜ਼ਿੰਮੇਂਵਾਰ ਵਿਅਕਤੀਆਂ/ਅਜੈਂਸੀ ਦਾ ਨਾਂ ਕੀ ਹੈ ਅਤੇ ਕੀ ਇਹਨਾਂ ਦਰੱਖ਼ਤਾ ਨੂੰ ਕੱਟਣ ਤੋਂ ਪਹਿਲਾਂ ਸਬੰਧਤ ਅਥਾਰਿਟੀ ਤੋਂ ਬਕਾਇਦਾ ਆਗਿਆ ਲਈ ਗਈ ਸੀ?

----

## ਹਲਕਾ ਡੇਰਾਬੱਸੀ ਵਿੱਚ ਪੈਂਦੇ ਪਿੰਡਾਂ ਦੇ ਕੱਚੇ ਬੰਨਾਂ ਨੂੰ ਪੱਕਾ ਕਰਨਾ

***1081 ਸ. ਕੁਲਜੀਤ ਸਿੰਘ ਰੰਧਾਵਾ ( ਡੇਰਾ ਬੱਸੀ ):**

**ਰੱਖਿਆ ਸੇਵਾਵਾਂ ਭਲਾਈ, ਆਜ਼ਾਦੀ ਘੁਲਾਟੀਆਂ, ਬਾਗਬਾਨੀ, ਸੂਚਨਾ ਅਤੇ ਲੋਕ ਸੰਪਰਕ, ਖਾਨ ਅਤੇ ਭੂ-ਵਿਗਿਆਨ, ਜਲ ਸਰੋਤ ਅਤੇ ਜ਼ਮੀਨ ਅਤੇ ਪਾਣੀ ਦੀ ਸੰਭਾਲ**

ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਹਲਕਾ ਡੇਰਾਬੱਸੀ ਦੇ ਪਿੰਡਾਂ ਟਿਵਾਣਾ, ਆਲਮਗੀਰ ਤੇ ਡਹਿਰ ਵਿਖੇ ਪੈਂਦੇ ਕੱਚੇ ਬੰਨਾਂ ਨੂੰ ਕਦੋਂ ਤੱਕ ਪੱਕਾ ਕਰਵਾ ਦਿੱਤਾ ਜਾਵੇਗਾ ਤਾਂ ਜੋ ਬਰਸਾਤੀ ਸੀਜ਼ਨ ਦੌਰਾਨ ਜਾਨੀ ਤੇ ਮਾਲੀ ਨੁਕਸਾਨ ਤੋਂ ਬਚਾਇਆ ਜਾ ਸਕੇ ?

----

## ਹਨੂੰਮਾਨਗੜ੍ਹ ਰੋਡ ਤੋਂ ਸਰਕਾਰੀ ਡਿਗਰੀ ਕਾਲਜ ਤੱਕ ਲਿੰਕ ਰੋਡ ਦੀ ਮੁਰੰਮਤ ਕਰਨਾ

***1143 ਸ਼੍ਰੀ ਸੰਦੀਪ ਜਾਖੜ (ਅਬੋਹਰ):**

**ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ**

ਕੀ ਖੇਤੀਬਾੜੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਨੂੰਮਾਨਗੜ੍ਹ ਰੋਡ ਤੋਂ ਲੈ ਕੇ ਸਰਕਾਰੀ ਡਿਗਰੀ ਕਾਲਜ ਤੱਕ ਲਿੰਕ ਰੋਡ ਵੱਖ-ਵੱਖ ਥਾਵਾਂ ਤੋਂ ਟੁੱਟੀ ਹੋਈ ਹੈ, ਜਿਸ ਨਾਲ ਆਵਾਜਾਈ ਵਿੱਚ ਵਿਘਨ ਪੈਂਦਾ ਹੈ; ਜੇਕਰ ਅਜਿਹਾ ਹੋਵੇ ਤਾਂ ਉਪਰੋਕਤ ਵਰਣਿਤ ਲਿੰਕ ਰੋਡ ਦੀ ਮੁਰੰਮਤ ਕਦੋਂ ਤੱਕ ਹੋ ਜਾਵੇਗੀ?

----

## ਮੱਖੂ ਵਿਖੇ ਰੇਲਵੇ ਕਰਾਸਿੰਗ ਉਪੱਰ ਬਣਨ ਵਾਲੇ ਪੁੱਲ ਦਾ ਨਿਰਮਾਣ ਕਰਨਾ

***1022 ਸ਼੍ਰੀ ਨਰੇਸ਼ ਕਟਾਰੀਆ (ਜੀਰਾ ):**

**ਲੋਕ ਨਿਰਮਾਣ, ਬਿਜਲੀ**

ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਅੰਮ੍ਰਿਤਸਰ ਬਠਿੰਡਾ ਹਾਈਵੇ ਤੇ ਮੱਖੂ ਵਿਖੇ ਰੇਲਵੇ ਕਰਾਸਿੰਗ ਉਪੱਰ ਬਣਨ ਵਾਲੇ ਪੁੱਲ ਦਾ ਕੰਮ ਪਿਛਲੇ ਲੰਮੇ ਸਮੇਂ ਤੋ ਪੈਂਡਿੰਗ ਪਿਆ ਹੈ; ਜੇਕਰ ਅਜਿਹਾ ਹੈ ਤਾਂ ਇਸ ਪੁੱਲ ਦਾ ਕੰਮ ਕਦੋਂ ਤੱਕ ਮੁਕੰਮਲ ਹੋ ਜਾਵੇਗਾ; ਵੇਰਵੇ ਸਹਿਤ ਦੱਸਿਆ ਜਾਵੇ?

----

## ਬੰਗਾ ਸ਼ਹਿਰ ਦੀਆਂ ਮਾਲ ਗੁਜ਼ਾਰ ਦੀਆਂ ਜ਼ਮੀਨਾਂ ਦੀਆਂ ਰਜਿਸਟ੍ਰੀਆਂ ਦੁਬਾਰਾ ਸ਼ੁਰੂ ਕਰਨਾ

***1054 ਡਾ. ਸੁਖਵਿੰਦਰ ਕੁਮਾਰ ਸੁੱਖੀ (ਬੰਗਾ):**

**ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ, ਜਲ ਸਪਲਾਈ ਅਤੇ ਸੈਨੀਟੇਸ਼ਨ :-**

ਕੀ ਮਾਲ ਮੰਤਰੀ ਕਿਰਪਾ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਬੰਗਾ ਸ਼ਹਿਰ (ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ) ਅੰਦਰ ਪੈਂਦੀਆਂ ਮਾਲ ਗੁਜ਼ਾਰ ਦੀਆਂ ਜ਼ਮੀਨਾਂ ਦੀਆਂ ਪਹਿਲਾਂ ਰਜਿਸਟ੍ਰੀਆਂ ਅਤੇ ਇੰਤਕਾਲ ਹੁੰਦੇ ਸਨ ਅਤੇ ਇਨ੍ਹਾਂ ਜ਼ਮੀਨਾਂ ਦੇ ਮਾਲਕ ਆਪਣੀਆਂ ਜ਼ਮੀਨਾਂ/ ਪਲਾਟਾਂ ਨੂੰ ਅੱਗੇ ਵੇਚ ਸਕਦੇ ਸੀ ਤੇ ਇਨ੍ਹਾਂ ਤੇ ਲੋਨ ਆਦਿ ਵੀ ਲੈ ਸਕਦੇ ਸੀ;

**ਅ)** ਕੀ ਇਹ ਵੀ ਠੀਕ ਹੈ ਕਿ ਹੁਣ ਕੁਝ ਸਮੇਂ ਤੋਂ ਸਰਕਾਰ ਨੇ ਮਾਲ ਗੁਜ਼ਾਰ ਜ਼ਮੀਨਾਂ ਦੀਆਂ ਰਜਿਸਟ੍ਰੀਆਂ ਬੰਦ ਕਰ ਦਿੱਤੀਆਂ ਹਨ, ਜਿਸ ਕਾਰਨ ਜਿਨ੍ਹਾਂ ਲੋਕਾਂ ਨੇ ਪਹਿਲਾਂ ਅਜਿਹੀਆਂ ਜ਼ਮੀਨਾਂ ਖ਼ਰੀਦੀਆਂ ਸਨ ਉਹ ਹੁਣ ਨਾ ਤਾਂ ਆਪਣੀ ਜ਼ਮੀਨ ਨੂੰ ਅੱਗੇ ਵੇਚ ਸਕਦੇ ਹਨ ਅਤੇ ਨਾ ਹੀ ਇਨ੍ਹਾਂ ਤੇ ਆਪਣੇ ਘਰ ਉਸਾਰ ਸਕਦੇ ਹਨ;

**ੲ)** ਜੇਕਰ ਉਪਰੋਕਤ ਭਾਗ (ੳ) ਅਤੇ (ਅ) ਦਾ ਉੱਤਰ ਹਾਂ ਵਿੱਚ ਹੋਵੇ ਤਾਂ ਕੀ ਸਰਕਾਰ ਪਹਿਲਾਂ ਵਾਂਗ ਇਨ੍ਹਾਂ ਜਮੀਨਾਂ ਦੀਆਂ ਰਜਿਸਟ੍ਰੀਆਂ ਦੁਬਾਰਾ ਸ਼ੁਰੂ ਕਰਨ ਦੀ ਕਿਸੇ ਤਜ਼ਵੀਜ ਤੇ ਵਿਚਾਰ ਕਰ ਰਹੀ ਹੈ; ਜੇਕਰ ਹਾਂ ਤਾਂ ਕਦੋਂ ਤੱਕ; ਵੇਰਵੇ ਸਹਿਤ ਦੱਸਿਆ ਜਾਵੇ?

----

## ਰਾਜ ਦੇ ਸਰਕਾਰੀ ਅਤੇ ਨੀਮ ਸਰਕਾਰੀ ਅਦਾਰਿਆਂ ਨੂੰ ਸੂਰਜੀ ਊਰਜਾ ਤਹਿਤ ਕਵਰ ਕਰਨਾ

***1067 ਸ. ਅਜੀਤਪਾਲ ਸਿੰਘ ਕੋਹਲੀ (ਪਟਿਆਲਾ):**

**ਨਵੇਂ ਅਤੇ ਨਵਿਆਉਣਯੋਗ ਊਰਜਾ ਸਰੋਤ, ਪ੍ਰਿੰਟਿੰਗ ਅਤੇ ਸਟੇਸ਼ਨਰੀ, ਪ੍ਰਸ਼ਾਸਨਿਕ ਸੁਧਾਰਾਂ ਅਤੇ ਜਨਤਕ ਸ਼ਿਕਾਇਤਾਂ, ਰੋਜ਼ਗਾਰ ਉਤਪਤੀ ਅਤੇ ਸਿਖਲਾਈ :-**

ਕੀ ਨਵ ਅਤੇ ਨਵਿਆਉਣਯੋਗ ਊਰਜਾ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ)** ਰਾਜ ਦੇ ਕਿਹੜੇ ਕਿਹੜੇ ਸਰਕਾਰੀ ਅਤੇ ਨੀਮ ਸਰਕਾਰੀ ਅਦਾਰਿਆਂ ਸਮੇਤ ਹਸਪਤਾਲ ਅਤੇ ਸਕੂਲ ਸੂਰਜੀ ਊਰਜਾ ਤਹਿਤ ਕਵਰ ਕੀਤੇ ਜਾ ਚੁੱਕੇ ਹਨ;

**ਅ)** ਕੀ ਸਰਕਾਰ ਚੰਡੀਗੜ੍ਹ ਦੀ ਤਰਜ਼ ਤੇ ਰਾਜ ਦੇ ਸਮੂਹ ਸ਼ਹਿਰਾਂ ਵਿੱਚ ਪ੍ਰਾਈਵੇਟ ਲੋਕਾਂ ਨੂੰ ਸੂਰਜੀ ਊਰਜਾ ਪ੍ਰੋਤਸਾਹਨ ਕਰਨ ਦੇ ਮਨੋਰਥ ਨਾਲ ਸੂਰਜੀ ਊਰਜਾ ਦੀਆਂ ਨਿਸ਼ੁਲਕ ਸੇਵਾਵਾਂ ਮੁਹੱਈਆ ਕਰਵਾਏਗੀ ; ਜੇਕਰ ਹਾਂ ਤਾਂ ਕਦੋਂ ਤੱਕ?

----

## ਹਲਕਾ ਸ਼ੁਤਰਾਣਾ ਦੇ ਪਿੰਡ ਰਸੌਲੀ ਵਿਖੇ ਬਿਜਲੀ ਗਰਿੱਡ ਲਗਾਉਣਾ

***1063 ਸ. ਕੁਲਵੰਤ ਸਿੰਘ ਬਾਜੀਗਰ (ਸ਼ੁਤਰਾਣਾ):**

**ਲੋਕ ਨਿਰਮਾਣ, ਬਿਜਲੀ** ਕੀ ਬਿਜਲੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਹਲਕਾ ਸ਼ੁਤਰਾਣਾ ਦੇ ਪਿੰਡ ਰਸੌਲੀ ਵਿਖੇ ਬਿਜਲੀ ਗਰਿੱਡ ਲਗਾਉਣ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋ ਤੱਕ?

----

**ਹਲਕਾ ਡੇਰਾਬੱਸੀ ਵਿੱਚ ਸਕੂਲ ਆਫ ਐਮੀਨੈਂਸ ਖੋਲ੍ਹਣਾ**

***1078 ਸ. ਕੁਲਜੀਤ ਸਿੰਘ ਰੰਧਾਵਾ ( ਡੇਰਾ ਬੱਸੀ ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ, ਸਕੂਲ ਸਿੱਖਿਆ**

ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਹਲਕਾ ਡੇਰਾਬੱਸੀ ਵਿਖੇ ਆਉਂਦੇ ਵਿੱਤੀ ਸਾਲ ਦੌਰਾਨ ਕੁੱਲ ਕਿੰਨੇ ਸਕੂਲ ਆਫ ਐਮੀਨੈਂਸ ਖੋਲ੍ਹਣ ਦੀ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

**ਦੀਨਾਨਗਰ-ਮੀਰਥਲ ਸੀਮਿੰਟਿਡ ਸੜ੍ਹਕ ਨੂੰ ਚੌੜ੍ਹਾ ਕਰਨਾ**

***954 ਸ਼੍ਰੀਮਤੀ ਅਰੁਣਾ ਚੌਧਰੀ (ਦੀਨਾ ਨਗਰ):**

**ਲੋਕ ਨਿਰਮਾਣ, ਬਿਜਲੀ** ਕੀ ਲੋਕ ਨਿਰਮਾਣ ਮੰਤਰੀ (ਭ ਅਤੇ ਮ) ਕਿਰਪਾ ਕਰਕੇ ਦੱਸਣਗੇ ਕਿ ਕੀ ਜ਼ਿਲ੍ਹਾ ਗੁਰਦਾਸਪੁਰ ਵਿੱਚ ਦੀਨਾਨਗਰ-ਮੀਰਥਲ ਸੀਮਿੰਟਿਡ ਸੜ੍ਹਕ ਨੂੰ ਪਹਿਲ ਦੇ ਅਧਾਰ ਤੇ ਹੋਰ ਚੌੜ੍ਹਾ ਅਤੇ ਮਜ਼ਬੂਤ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

**ਬੀ.ਪੀ.ਐਲ ਕਾਰਡ ਬਣਾਉਣਾ**

***1043 ਸ. ਮਨਜਿੰਦਰ ਸਿੰਘ ਲਾਲਪੁਰਾ (ਖਡੂਰ ਸਾਹਿਬ ):**

**ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ, ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ**

ਕੀ ਖੁਰਾਕ ਅਤੇ ਸਿਵਲ ਸਪਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਬੀ.ਪੀ.ਐਲ ਰਾਸ਼ਨ ਕਾਰਡ ਬਣਾਉਣ ਲਈ ਯੋਗ ਬਿਨੈਕਾਰਾਂ ਦੇ ਕਾਰਡ ਕਦੋਂ ਤੱਕ ਬਣਾ ਦਿੱਤੇ ਜਾਣਗੇ?

----

**ਫਤਿਹਗੜ੍ਹ ਚੂੜੀਆਂ-ਅੰਮ੍ਰਿਤਸਰ ਰੋਡ ਦੀ ਮੁਰੰਮਤ ਦਾ ਕੰਮ ਮੁਕੰਮਲ ਕਰਵਾਉਣਾ**

*1091 **ਸ਼੍ਰੀਮਤੀ ਗਨੀਵ ਕੌਰ ਮਜੀਠੀਆ ( ਮਜੀਠਾ):**

**ਲੋਕ ਨਿਰਮਾਣ, ਬਿਜਲੀ**

ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਫਤਿਹਗੜ੍ਹ ਚੂੜੀਆਂ-ਅੰਮ੍ਰਿਤਸਰ ਰੋਡ ਦੀ ਮੁਰੰਮਤ ਦੇ ਕੰਮ ਵਿੱਚ ਘਟੀਆ ਮਟੀਰੀਅਲ ਦੀ ਵਰਤੋਂ ਕੀਤੀ ਜਾ ਰਹੀ ਹੈ; ਜੇਕਰ ਅਜਿਹਾ ਹੋਵੇ ਤਾਂ ਇਸ ਦੇ ਕੀ ਕਾਰਨ ਹਨ ਅਤੇ ਜੇਕਰ ਨਹੀਂ ਤਾਂ ਇਸ ਸੜਕ ਦੀ ਮੁਰੰਮਤ ਵਿੱਚ ਕਿਸ ਕੁਆਲਟੀ ਦੇ ਮਟੀਰੀਅਲ ਦੀ ਵਰਤੋਂ ਕੀਤੀ ਜਾ ਰਹੀ ਹੈ, ਵਰਤੇ ਜਾ ਰਹੇ ਮਟੀਰੀਅਲ ਤੇ ਕਿੰਨਾਂ ਖਰਚਾ ਆਉਣਾ ਹੈ ਅਤੇ ਇਸ ਸੜਕ ਦੀ ਮੁਰੰਮਤ ਦਾ ਕੰਮ ਕਦੋਂ ਤੱਕ ਮੁਕੰਮਲ ਕਰ ਦਿੱਤਾ ਜਾਵੇਗਾ?

----

**ਬਿਆਸ ਦਰਿਆ ਦੇ ਹਲਕਾ ਖਡੂਰ ਸਾਹਿਬ ਨਾਲ ਲੱਗਦੇ ਪਿੰਡਾਂ ਵਿੱਚ ਪੱਕੇ ਨੱਕੇ ਲਗਾਉਣਾ**

*1061 **ਸ. ਮਨਜਿੰਦਰ ਸਿੰਘ ਲਾਲਪੁਰਾ (ਖਡੂਰ ਸਾਹਿਬ ):**

**ਰੱਖਿਆ ਸੇਵਾਵਾਂ ਭਲਾਈ, ਆਜ਼ਾਦੀ ਘੁਲਾਟੀਆਂ, ਬਾਗਬਾਨੀ, ਸੂਚਨਾ ਅਤੇ ਲੋਕ ਸੰਪਰਕ, ਖਾਨ ਅਤੇ ਭੂ-ਵਿਗਿਆਨ, ਜਲ ਸਰੋਤ ਅਤੇ ਜ਼ਮੀਨ ਅਤੇ ਪਾਣੀ ਦੀ ਸੰਭਾਲ :-**

ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਬਿਆਸ ਦਰਿਆ ਨਾਲ ਲੱਗਦੇ ਹਲਕਾ ਖਡੂਰ ਸਾਹਿਬ ਦੇ ਪਿੰਡਾਂ ਘੜਕਾ/ਕਰਮੂਵਾਲਾ, ਕੰਬੋ ਢਾਇਵਾਲਾ, ਚੰਬਾ ਕਲਾਂ, ਚੰਬਾ ਹਵੇਲੀਆਂ, ਧੰਨ ਢਾਏਵਾਲਾ, ਕਿੜੀਆਂ ਵਿੱਚ ਹਰ ਸਾਲ ਬਰਸਾਤੀ ਸੀਜਨ ਦੌਰਾਨ ਪਿੰਡਾਂ ਦੀ ਮਿੱਟੀ ਰੁੜ ਜਾਦੀ ਹੈ ਅਤੇ ਫਸਲਾਂ ਦਾ ਵੱਡੀ ਮਾਤਰਾ ਵਿੱਚ ਨੁਕਸਾਨ ਹੁੰਦਾ ਹੈ;

ਅ) ਜੇਕਰ ਉਪਰੋਕਤ ਭਾਗ (ੳ) ਦਾ ਉੱਤਰ ਹਾਂ ਵਿੱੱਚ ਹੋਵੇ ਤਾਂ ਇਨ੍ਹਾਂ ਪਿੰਡਾਂ ਵਿੱਚ ਪੱਕੇ ਨੱਕੇ ਲਗਾਉਣ ਸਬੰਧੀ ਕੀ ਉਪਰਾਲਾ ਕੀਤਾ ਜਾ ਰਿਹਾ ਹੈ ਅਤੇ ਅਗਲੇਰੀ ਕਾਰਵਾਈ ਕਰਨ ਲਈ ਕਦੋ ਤੱਕ ਬਣਦੀ ਰਾਸ਼ੀ ਜਾਰੀ ਕਰ ਦਿੱਤੀ ਜਾਵੇਗੀ?

----

**ਜ਼ੀਰੋ ਬਿਜਲੀ ਬਿੱਲ ਪ੍ਰਾਪਤ ਕਰਨ ਵਾਲੇ ਪਰਿਵਾਰਾਂ ਦੀ ਗਿਣਤੀ**

*956 ਡਾ. ਰਾਜ ਕੁਮਾਰ (ਚੱਬੇਵਾਲ):

**ਲੋਕ ਨਿਰਮਾਣ, ਬਿਜਲੀ**

ਕੀ ਬਿਜਲੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਰਾਜ ਵਿੱਚ ਜ਼ੀਰੋ ਬਿਜਲੀ ਬਿੱਲ ਪ੍ਰਾਪਤ ਕਰਨ ਵਾਲੇ ਪਰਿਵਾਰਾਂ ਦੀ ਕੁੱਲ ਗਿਣਤੀ ਅਤੇ ਇਸ ਸਕੀਮ ਤੋਂ ਪਹਿਲਾਂ 200 ਯੂਨਿਟ ਮੁਫਤ ਬਿਜਲੀ ਸਪਲਾਈ ਦਾ ਲਾਭ ਪ੍ਰਾਪਤ ਕਰਨ ਵਾਲੇ ਪਰਿਵਾਰਾਂ ਦੀ ਜ਼ਿਲ੍ਹੇ-ਵਾਰ ਕੁੱਲ ਗਿਣਤੀ ਕਿੰਨੀ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

**ਹਲਕਾ ਜਗਰਾਉਂ ਦੇ ਸਤਲੁਜ ਦਰਿਆ ਨਾਲ ਲੱਗਦੇ ਪਿੰਡਾਂ ਲਈ ਪੱਕੇ ਬੰਨ੍ਹ ਬਣਾਉਣਾ**

*1026 ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ (ਜਗਰਾਉਂ):

**ਰੱਖਿਆ ਸੇਵਾਵਾਂ ਭਲਾਈ, ਆਜ਼ਾਦੀ ਘੁਲਾਟੀਆਂ, ਬਾਗਬਾਨੀ, ਸੂਚਨਾ ਅਤੇ ਲੋਕ ਸੰਪਰਕ, ਖਾਨ ਅਤੇ ਭੂ-ਵਿਗਿਆਨ, ਜਲ ਸਰੋਤ ਅਤੇ ਜ਼ਮੀਨ ਅਤੇ ਪਾਣੀ ਦੀ ਸੰਭਾਲ**

ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਜਗਰਾਉਂ ਦੇ ਸਤਲੁਜ ਦਰਿਆ ਨਾਲ ਲੱਗਦੇ 20-25 ਪਿੰਡਾਂ ਵਿੱਚ ਬਾਰਿਸਾਂ ਦੌਰਾਨ ਬੰਨ੍ਹ ਟੁੱਟਣ ਕਾਰਨ ਹੜ੍ਹ ਆ ਜਾਂਦੇ ਹਨ; ਜੇਕਰ ਅਜਿਹਾ ਹੈ ਤਾਂ ਕੀ ਇਹਨਾਂ ਪਿੰਡਾਂ ਨੂੰ ਹੜ੍ਹਾਂ ਤੋਂ ਬਚਾਉਣ ਲਈ ਪੱਕੇ ਬੰਨ੍ਹ ਬਣਾਉਣ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

ਚੰਡੀਗੜ੍ਹ, 160001. ਰਾਮ ਲੋਕ ਖਟਾਣਾ,
ਸੋਮਵਾਰ 11 ਮਾਰਚ, 2024. ਸਕੱਤਰ